# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 07-08-2024**

ਕੇਂਦਰ ਵਲੋਂ ਸੋਧੀ ਹੋਈ ਵਿਆਜ ਸਹਾਇਤਾ ਯੋਜਨਾ ਜਾਰੀ ਰੱਖਣ ਦੇ ਮੱਦੇਨਜ਼ਰ ਭਾਰਤੀ ਰਿਜ਼ਰਵ ਬੈਂਕ ਨੇ ਬੈਂਕਾਂ ਨੂੰ 7 ਫੀਸਦੀ ਦੀ ਵਿਆਜ ਦਰ 'ਤੇ ਕਿਸਾਨਾਂ ਨੂੰ 3 ਲੱਖ ਰੁਪਏ ਦੀ ਸਮੁੱਚੀ ਸੀਮਾ ਤੱਕ ਸਹਾਇਕ ਗਤੀਵਿਧੀਆਂ ਲਈ ਛੋਟੀ ਮਿਆਦ ਦੇ ਫਸਲੀ ਕਰਜ਼ੇ ਅਤੇ ਥੋੜ੍ਹੇ ਸਮੇਂ ਦੇ ਕਰਜ਼ੇ ਪ੍ਰਦਾਨ ਕਰਨ ਲਈ ਕਿਹਾ ਏ। ਇੱਕ ਨੋਟੀਫਿਕੇਸ਼ਨ ਵਿੱਚ ਬੈਂਕ ਨੇ ਕਿਹਾ ਕਿ 2024- 25 ਲਈ ਉਧਾਰ ਦੇਣ ਵਾਲੀਆਂ ਸੰਸਥਾਵਾਂ ਨੂੰ ਵਿਆਜ ਸਹਾਇਤਾ ਦੀ ਦਰ 1 ਇਸ਼ਾਰਿਆ 5 ਫੀਸਦੀ ਹੋਵੇਗੀ। ਭਾਰਤੀ ਰਿਜ਼ਰਵ ਬੈਂਕ ਨੇ ਕਿਹਾ ਏ ਕਿ ਸਮੇਂ ਸਿਰ ਕਰਜ਼ਾ ਮੋੜਨ ਵਾਲੇ ਕਿਸਾਨਾਂ ਨੂੰ 3 ਫੀਸਦੀ ਦੀ ਵਾਧੂ ਵਿਆਜ ਛੋਟ ਦਿੱਤੀ ਜਾਣੀ ਚਾਹੀਦੀ ਏ। ਇਸ ਦੌਰਾਨ, ਕਿਸਾਨਾਂ ਵਲੋਂ ਆਪਣੀ ਉਪਜ ਨੂੰ ਗੋਦਾਮਾਂ ਵਿੱਚ ਸਟੋਰ ਕਰਨ ਲਈ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਕਿਸਾਨ ਕ੍ਰੈਡਿਟ ਕਾਰਡ

ਸਕੀਮ ਅਧੀਨ ਵਿਆਜ ਵਿੱਚ ਛੋਟ ਦਾ ਲਾਭ ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ ਅਗਲੇ ਛੇ ਮਹੀਨਿਆਂ ਤੱਕ ਦੀ ਮਿਆਦ ਲਈ ਉਪਲਬਧ ਹੋਵੇਗਾ।

---------------------------------------------------------

ਪੰਜਾਬ ਦੇ ਲੋਕ ਨਿਰਮਾਣ ਅਤੇ ਬਿਜਲੀ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਏ ਕਿ ਰਾਜ ਮਾਰਗ ਪਟਿਆਲਾ-ਨਾਭਾ-ਮਾਲੇਰਕੋਟਲਾ 'ਤੇ ਸਥਿਤ ਦੋ ਟੋਲ ਪਲਾਜ਼ੇ 5 ਅਗਸਤ ਤੋਂ ਬੰਦ ਕਰ ਦਿੱਤੇ ਗਏ ਨੇ। ਚੰਡੀਗੜ੍ਹ ਤੋਂ ਜਾਰੀ ਇਕ ਪ੍ਰੈਸ ਬਿਆਨ ਵਿੱਚ ਉਨਾਂ ਕਿਹਾ ਕਿ ਇਨ੍ਹਾਂ ਟੋਲ ਪਲਾਜ਼ਿਆਂ ਤੋਂ ਪ੍ਰਤੀ ਮਹੀਨਾ ਕੁੱਲ 87 ਲੱਖ ਰੁਪਏ ਪ੍ਰਾਪਤ ਹੁੰਦੇ ਸਨ। ਉਨਾਂ ਕਿਹਾ ਕਿ ਇਹ ਕਦਮ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਸਿੱਧੀ ਮਾਲੀ ਰਾਹਤ ਦੇਣ ਦੇ ਯਤਨਾਂ ਦਾ ਹਿੱਸਾ ਏ ਅਤੇ ਇਨ੍ਹਾਂ ਦੋ ਟੋਲ ਪਲਾਜ਼ਿਆਂ ਦੇ ਬੰਦ ਹੋਣ ਨਾਲ ਸੂਬੇ ਭਰ ਵਿੱਚ ਬੰਦ ਪਏ ਟੋਲ ਪਲਾਜ਼ਿਆਂ ਦੀ ਕੁੱਲ ਗਿਣਤੀ 18 ਹੋ ਗਈ ਏ।

---------------------------------------------------------

ਪੰਜਾਬ ਨੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ‘ਚੋਂ ਸ਼ਿਕਾਇਤ

ਨਿਵਾਰਣ ਰੈਂਕਿੰਗ ਵਿੱਚ ਦੇਸ਼ ਭਰ ‘ਚ ਮੋਹਰੀ ਸੂਬਾ ਬਣ ਕੇ ਇੱਕ ਮੀਲ ਪੱਥਰ ਹਾਸਿਲ ਕੀਤਾ ਏ। ਪ੍ਰਸ਼ਾਸਨਿਕ ਸੁਧਾਰ ਤੇ ਲੋਕ ਸ਼ਿਕਾਇਤਾਂ ਬਾਰੇ ਮੰਤਰੀ ਅਮਨ ਅਰੋੜਾ ਨੇ ਦੱਸਿਆ ਕਿ ਇਹ ਦਰਜਾਬੰਦੀ ਦੇਸ਼ ਦੇ ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿਚਾਲੇ ਤੁਲਨਾਤਮਕ ਮੁਲੰਕਣ ਲਈ ਭਾਰਤ ਸਰਕਾਰ ਵੱਲੋਂ ਵਿਕਸਤ ਕੀਤੇ ਸ਼ਿਕਾਇਤ ਨਿਵਾਰਣ ਇੰਡੈਕਸ ਦੇ ਆਧਾਰ 'ਤੇ ਕੀਤੀ ਗਈ ਏ। ਸਾਰੇ ਸੂਬਿਆਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਵਿੱਚੋਂ ਪ੍ਰਾਪਤ 20,000 ਤੋਂ ਵੱਧ ਸ਼ਿਕਾਇਤਾਂ ਵਿੱਚੋਂ 62 ਇਸ਼ਾਰਿਆ 27 ਫੀਸਦੀ ਸਕੋਰ ਨਾਲ ਪੰਜਾਬ ਨੇ ਸਿਖਰਲਾ ਸਥਾਨ ਮੱਲਿਆ ਏ। ਇੰਡੈਕਸ ਲਈ ਇਸ ਸਾਲ ਪਹਿਲੀ ਜਨਵਰੀ ਤੋਂ 30 ਜੂਨ ਤੱਕ ਦੀ ਮਿਆਦ ਦਾ ਡਾਟਾ ਵਰਤਿਆ ਗਿਆ ਏ।

---------------------------------------------------------

ਨੌਜਵਾਨਾਂ ਨੂੰ ਸਵੈ-ਰੁਜ਼ਗਾਰ ਰਾਹੀਂ ਆਤਮ ਨਿਰਭਰ ਬਣਾਉਣ ਦੇ ਮੰਤਵ ਨਾਲ ਪੇਂਡੂ ਵਿਕਾਸ ਅਤੇ ਸਵੈ-ਰੁਜ਼ਗਾਰ ਸਿਖਲਾਈ ਸੰਸਥਾ ਰੂਡਸੈਟ ਜਲੰਧਰ ਨੇ ਮਰਦਾਂ ਦੇ ਪਾਰਲਰ ਸੈਲੂਨ ਅਤੇ ਮੋਬਾਈਲ ਰਿਪੇਅਰ ਕੋਰਸ ਦਾ ਸਮਾਪਤੀ ਸਮਾਗਮ ਕਰਵਾਇਆ। ਇਸ ਵਿੱਚ 55 ਸਿੱਖਿਆਰਥੀਆਂ

ਨੂੰ ਸਰਟੀਫਿਕੇਟ ਦਿੱਤੇ ਗਏ । ਇਸ ਸਮਾਗਮ ਵਿੱਚ ਕੇਨਰਾ ਬੈਂਕ, ਖੇਤਰੀ ਦਫਤਰ ਦੇ ਏ.ਜੀ.ਐਮ ਵਿਸ਼ਵਾਜੀਤ ਸਿੰਘ ਰਘੂਵੰਸ਼ੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ । ਸੰਸਥਾ ਦੇ ਡਾਇਰੈਕਟਰ ਸੰਜੀਵ ਕੁਮਾਰ ਚੌਹਾਨ ਨੇ ਕਿਹਾ ਕਿ ਸੰਸਥਾ ਦੀ ਸਥਾਪਨਾ ਦੇਸ਼ ਵਿੱਚ ਸਵੈ-ਰੁਜ਼ਗਾਰ ਸਿਖਲਾਈ ਦੇ ਕੇ ਉੱਦਮਸ਼ੀਲਤਾ ਨੂੰ ਉਤਸ਼ਾਹਿਤ ਕਰਨ ਲਈ ਕੀਤੀ ਗਈ ਏ । ਸੰਸਥਾ ਦਾ ਅੰਤਮ ਉਦੇਸ਼ ਸਿਖਲਾਈ ਰਾਹੀਂ ਨੌਜਵਾਨਾਂ ਵਿੱਚ ਸਵੈ-ਰੁਜ਼ਗਾਰ ਲਈ ਉਤਸ਼ਾਹ, ਜਨੂੰਨ ਅਤੇ ਉਤਸ਼ਾਹ ਪੈਦਾ ਕਰਨਾ ਏ । ਵਿਸ਼ਵਾਜੀਤ ਸਿੰਘ ਰਘੂਵੰਸ਼ੀ ਨੇ ਸੰਸਥਾ ਦੀ ਭੂਮਿਕਾ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਹ ਸੰਸਥਾ ਆਪਣੀ ਸਥਾਪਨਾ ਤੋਂ ਲੈ ਕੇ ਹੁਣ ਤੱਕ ਲੋਕਾਂ ਨੂੰ ਸਵੈ-ਰੁਜ਼ਗਾਰ ਲਈ ਸਿਖਲਾਈ ਦੇ ਕੇ ਉੱਦਮੀ ਬਣਾ ਕੇ ਵਧੀਆ ਕੰਮ ਕਰ ਰਹੀ ਏ । ਉਨ੍ਹਾਂ ਵਿਦਿਆਰਥੀਆਂ ਨੂੰ ਜਨ ਸੁਰੱਖਿਆ ਸਕੀਮਾਂ ਅਤੇ ਸਵੈ-ਰੁਜ਼ਗਾਰ ਸ਼ੁਰੂ ਕਰਨ ਲਈ ਮਦਦਗਾਰ ਕਰਜ਼ਿਆਂ ਬਾਰੇ ਜਾਣਕਾਰੀ ਦਿੱਤੀ ਅਤੇ ਸਰਟੀਫਿਕੇਟ ਦੇ ਕੇ ਉਨ੍ਹਾਂ ਦੇ ਰੌਸ਼ਨ ਭਵਿੱਖ ਦੀ ਕਾਮਨਾ ਕੀਤੀ ।

---------------------------------------------------

ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਸੂਬੇ ਨੂੰ ਹਰਿਆ ਭਰਿਆ ਅਤੇ ਚੁਗਿਰਦੇ ਨੂੰ ਸਵੱਛ ਬਣਾਉਣ ਲਈ ਹਰ ਤਰ੍ਹਾਂ ਦੇ ਉਪਰਾਲੇ ਕੀਤੇ ਜਾ ਰਹੇ ਨੇ । ਇਸੇ ਤਰ੍ਹਾਂ ਵਣ ਮਹਾਂਉਤਸਵ ਤਹਿਤ ਸ੍ਰੀ ਮੁਕਤਸਰ ਸਾਹਿਬ ਜ਼ਿਲੇ ਦੇ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਸੂਦਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵਧੀਕ ਡਿਪਟੀ ਕਮਿਸ਼ਨਰ ਸੰਜੀਵ ਸ਼ਰਮਾ ਨੇ ਕਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਵੱਖ-ਵੱਖ ਕਿਸਮਾਂ ਦੇ ਬੂਟੇ ਲਾਏ । ਉਨਾਂ ਕਿਹਾ ਕਿ ਸ੍ਰੀ ਮੁਕਤਸਰ ਸਾਹਿਬ ਸਬ-ਤਹਿਸੀਲ ਵਿੱਚ 2 ਲੱਖ 70 ਹਜ਼ਾਰ ਤੋਂ ਵੱਧ ਬੂਟੇ ਜੰਗਲਾਤ ਵਿਭਾਗ ਤੋਂ ਇਲਾਵਾ ਸਿੱਖਿਆ ਵਿਭਾਗ, ਮੰਡੀ ਬੋਰਡ, ਲੋਕ ਨਿਰਮਾਣ ਵਿਭਾਗ, ਨਹਿਰੀ ਵਿਭਾਗ ਆਦਿ ਵਿਭਾਗਾਂ ਦੇ ਸਹਿਯੋਗ ਨਾਲ ਲਗਾਏ ਜਾ ਚੁੱਕੇ ਨੇ ਅਤੇ ਜ਼ਿਲ੍ਹੇ ਭਰ ਵਿੱਚ 11 ਲੱਖ ਪੌਦੇ ਲਗਾਉਣ ਦਾ ਟੀਚਾ ਮਿੱਥਿਆ ਗਿਆ ਏ । ਉਨ੍ਹਾਂ ਕਿਹਾ ਕਿ ਸਾਫ਼ ਅਤੇ ਸ਼ੁੱਧ ਹਵਾ ਲਈ ਅਤੇ ਚੁਗਿਰਦੇ ਨੂੰ ਸਾਫ਼ ਸੁਥਰਾ ਰੱਖਣ ਲਈ ਖੇਤਾਂ ਵਿੱਚ ਲੱਗੇ ਟਿਊਬਵੈਲਾਂ ਦੇ ਆਲੇ ਦੁਆਲੇ ਵੀ ਬੂਟੇ ਲਾਏ ਜਾ ਰਹੇ ਨੇ ਅਤੇ ਇਸ ਮੁਹਿੰਮ ਤਹਿਤ ਜੰਗਲਾਤ ਵਿਭਾਗ ਵੱਲੋਂ ਬੂਟੇ ਮੁਫਤ ਦਿੱਤੇ ਜਾ ਰਹੇ ਨੇ ।

------------------------------------------------------------

ਇਸ ਦੌਰਾਨ ਸੂਬਾ ਸਰਕਾਰ ਵਲੋਂ ਟਿਊਬਵੈਲਾਂ ਤੇ ਬੂਟੇ ਲਗਾਉਣ ਦੀ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਬਠਿੰਡਾ ਜ਼ਿਲ੍ਹੇ ਦੇ ਬਲਾਕਾਂ ਵਿੱਚ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਨੇ ਚੁਗਿਰਦੇ ਦੀ ਸ਼ੁੱਧਤਾ ਬਰਕਰਾਰ ਰੱਖਣ ਦੇ ਮੱਦੇਨਜ਼ਰ ਵੱਖ-ਵੱਖ ਤਰ੍ਹਾਂ ਦੇ 28 ਹਜ਼ਾਰ 275 ਛਾਂਦਾਰ ਤੇ ਫਲਦਾਰ ਬੂਟੇ ਲਗਾਏ ਨੇ । ਜ਼ਿਲੇ ਦੇ ਮੁੱਖ ਖੇਤੀਬਾੜੀ ਅਫਸਰ ਡਾ. ਜਗਸੀਰ ਸਿੰਘ ਨੇ ਦੱਸਿਆ ਕਿ ਖੇਤੀਬਾੜੀ ਦਫਤਰ ਦੇ ਅਧਿਕਾਰੀਆਂ/ ਮੁਲਾਜ਼ਮਾਂ ਵੱਲੋਂ ਵੀ ਸਥਾਨਕ ਖੇਤੀ ਭਵਨ ਵਿਖੇ ਬੂਟੇ ਲਾਏ ਗਏ ਨੇ । ਉਨਾਂ ਕਿਹਾ ਕਿ ਰੁੱਖ ਸਾਡੀ ਜਿੰਦਗੀ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਨੇ ਅਤੇ ਧਰਤੀ ਤੇ ਜੀਵਨ ਵੀ ਬੂਟਿਆਂ ਕਰਕੇ ਹੀ ਸੰਭਵ ਏ । ਉਨ੍ਹਾਂ ਇਹ ਵੀ ਕਿਹਾ ਕਿ ਚੁਗਿਰਦੇ ਅਤੇ ਮਨੁੱਖੀ ਸਿਹਤ ਨੂੰ ਬਚਾਉਣ ਲਈ ਹਰੇਕ ਮਨੁੱਖ ਨੂੰ ਵੱਧ ਤੋਂ ਵੱਧ ਬੂਟੇ ਲਾ ਕੇ ਉਨਾਂ ਦੀ ਦੇਖਭਾਲ ਵੀ ਕਰਨੀ ਚਾਹੀਦੀ ਏ ਤਾਂ ਜੋ ਮਨੁੱਖੀ ਜੀਵਨ ਬਚਾਇਆ ਜਾ ਸਕੇ । ਉਨ੍ਹਾਂ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਟਿਊਬਵੈਲਾਂ ਅਤੇ ਮੋਟਰਾਂ ਤੇ ਘੱਟੋ-ਘੱਟ 4- 5 ਬੂਟੇ ਜ਼ਰੂਰ ਲਗਾਉਣ ।

---------------------------------------------------

ਕ੍ਰਿਕੇਟ ਵਿੱਚ ਭਾਰਤ ਅਤੇ ਮੇਜ਼ਬਾਨ ਸ਼੍ਰੀਲੰਕਾ ਵਿਚਾਲੇ ਤੀਜਾ ਅਤੇ ਆਖ਼ਰੀ ਇੱਕ ਦਿਨਾ ਕੌਮਾਂਤਰੀ ਮੈਚ ਅੱਜ ਕੋਲੰਬੋ ਦੇ ਆਰ. ਪ੍ਰੇਮਦਾਸਾ ਸਟੇਡੀਅਮ ਵਿੱਚ ਖੇਡਿਆ ਜਾਵੇਗਾ। ਭਾਰਤੀ ਸਮੇਂ ਅਨੁਸਾਰ ਇਹ ਮੈਚ ਦੁਪਹਿਰ ਬਾਅਦ ਢਾਈ ਵਜੇ ਸ਼ੁਰੂ ਹੋਵੇਗਾ ।

---------------------------------------------------

ਏਧਰ ਹਾਕੀ ਵਿੱਚ ਮਰਦਾਂ ਦੀ ਭਾਰਤ ਦੀ ਕੱਲ੍ਹ ਸੈਮੀਫਾਈਨਲ ਵਿੱਚ ਜਰਮਨੀ ਤੋਂ 2- 3 ਨਾਲ ਹਾਰ ਗਈ । ਇਸ ਨਾਲ ਓਲੰਪਿਕ ਦੇ ਫਾਈਨਲ ਵਿੱਚ 44 ਸਾਲ ਬਾਅਦ ਪਹੁੰਚਣ ਦਾ ਸੁਪਨਾ ਚਕਨਾਚੂਰ ਹੋ ਗਿਆ । ਭਾਰਤ ਲਈ ਕਪਤਾਨ ਹਰਮਨਪ੍ਰੀਤ ਸਿੰਘ ਅਤੇ ਸੁਖਜੀਤ ਸਿੰਘ ਨੇ ਗੋਲ ਕੀਤੇ ਜਦਕਿ ਜਰਮਨੀ ਲਈ ਗੋਂਜ਼ਾਲੋ ਪੀਲੇਟ, ਕ੍ਰਿਸਟੋਫਰ ਰੁਹਰ ਅਤੇ ਮਾਰਕੋ ਮਿਲਟਕਾਊ ਨੇ ਗੋਲ ਕੀਤੇ । ਭਾਰਤ ਹੁਣ ਭਲਕੇ 8 ਅਗਸਤ ਨੂੰ ਕਾਂਸੀ ਦੇ ਤਗਮੇ ਦੇ ਮੁਕਾਬਲੇ 'ਚ ਉਤਰੇਗਾ ।